ਭੈਰਉ ਮਹਲਾ ੪ ॥ ਸੁਕ੍ਰਿਤੁ ਕਰਣੀ ਸਾਰੁ ਜਪਮਾਲੀ ॥ ਹਿਰਦੈ ਫੇਰਿ ਚਲੈ ਤੁਧੁ ਨਾਲੀ ॥ ੧॥ ਹਰਿ ਹਰਿ ਨਾਮੁ ਜਪਹੁ ਬਨਵਾਲੀ ॥ ਕਰਿ ਕਿਰਪਾ ਮੇਲਹੁ ਸਤਸੰਗਤਿ ਤੂਟਿ ਗਈ ਮਾਇਆ ਜਮ ਜਾਲੀ ॥੧॥ ਰਹਾਉ ॥ ਗੁਰਮੁਖਿ ਸੇਵਾ ਘਾਲ ਜਿਨਿ ਘਾਲੀ ॥ ਤਿਸੁ ਘੜੀਐ ਸਬਦੁ ਸਚੀ ਟਕਸਾਲੀ ॥੨॥ ਹਰਿ ਅਗਮ ਅਗੋਚਰੁ ਗੁਰਿ ਅਗਮ ਦਿਖਾਲੀ ॥ ਵਿਚਿ ਕਾਇਆ ਨਗਰ ਲਧਾ ਹਰਿ ਭਾਲੀ ॥ ੩॥ ਹਮ ਬਾਰਿਕ ਹਰਿ ਪਿਤਾ ਪ੍ਰਤਿਪਾਲੀ ॥ ਜਨ ਨਾਨਕ ਤਾਰਹੁ ਨਦਰਿ ਨਿਹਾਲੀ ॥੪॥੩॥ {ਪੰਨਾ 1134}

ਪਦਅਰਥ:- ਕਰਣੀ—{krxIX} ਕਰਨ-ਜੋਗ ਕੰਮ। ਸੁਕ੍ਰਿਤੁ ਕਰਣੀ—ਸਭ ਤੋਂ ਸ੍ਰੇਸ਼ਟ ਕਰਨ-ਜੋਗ ਕੰਮ। ਸਾਰੁ—(ਹਿਰਦੇ ਵਿਚ) ਸੰਭਾਲ ਲੈ। ਜਪਮਾਲੀ—ਮਾਲਾ। ਹਿਰਦੈ—ਹਿਰਦੇ ਵਿਚ। ਫੇਰਿ—ਫੇਰਿਆ ਕਰ (ਇਸ ਮਾਲਾ ਨੂੰ)। ਨਾਲੀ—ਨਾਲ।1।

ਨਾਮੁ ਬਨਵਾਲੀ—ਪਰਮਾਤਮਾ ਦਾ ਨਾਮ। ਕਰਿ—ਕਰ ਕੇ। ਜਮ ਜਾਲੀ—ਜਮ ਦੀ ਜਾਲੀ, ਆਤਮਕ ਮੌਤ ਲਿਆਉਣ ਵਾਲੀ ਫਾਹੀ।1। ਰਹਾਉ।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਜਿਨਿ—ਜਿਸ (ਮਨੁੱਖ) ਨੇ। ਸੇਵਾ ਘਾਲ ਘਾਲੀ—ਸੇਵਾ-ਭਗਤੀ ਦੀ ਮਿਹਨਤ ਕੀਤੀ। ਤਿਸੁ ਸਬਦੁ—ਉਸ ਦਾ ਸ਼ਬਦ। ਘੜੀਐ—ਘੜਿਆ ਜਾਂਦਾ ਹੈ। ਤਿਸੁ ਘੜੀਐ ਸਬਦੁ—ਉਸ ਦਾ ਸਿਮਰਨ ਦਾ ਉੱਦਮ ਸੋਹਣਾ ਰੂਪ ਧਾਰ ਲੈਂਦਾ ਹੈ। ਸਚੀ ਟਕਸਾਲੀ—ਜਤ, ਧੀਰਜ, ਉੱਚੀ ਮਤਿ, ਆਤਮਕ ਜੀਵਨ ਦੀ ਸੂਝ, ਭਉ, ਆਦਿਕ ਦੀ ਸਦਾ-ਥਿਰ ਟਕਸਾਲ ਵਿਚ।2।

ਅਗਮ—ਅਪਹੁੰਚ। ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਗੁਰਿ—ਗੁਰੂ ਨੇ। ਦਿਖਾਲੀ—ਦਰਸਨ ਕਰਾ ਦਿੱਤਾ। ਕਾਇਆ—ਸਰੀਰ। ਭਾਲੀ—ਭਾਲਿ, ਭਾਲ ਕੇ, ਖੋਜ ਕੇ।3।

ਹਮ—ਅਸੀਂ ਜੀਵ। ਬਾਰਿਕ—ਬੱਚੇ। ਨਦਰਿ—ਮਿਹਰ ਦੀ ਨਿਗਾਹ ਨਾਲ। ਨਿਹਾਲੀ—ਨਿਹਾਲਿ, ਤੱਕ ਕੇ।4।

ਅਰਥ:- ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਦੇ ਰਿਹਾ ਕਰੋ (ਤੇ, ਅਰਦਾਸ ਕਰਿਆ ਕਰੋ—ਹੇ ਪ੍ਰਭੂ! ਸਾਨੂੰ ਸਤ ਸੰਗਤਿ ਵਿਚ ਮਿਲਾਈ ਰੱਖ) ਜਿਸ ਨੂੰ ਤੂੰ ਕਿਰਪਾ ਕਰ ਕੇ ਸਾਧ ਸੰਗਤਿ ਵਿਚ ਰੱਖਦਾ ਹੈਂ, ਉਸ ਦੀ ਮਾਇਆ ਦੇ ਮੋਹ ਦੀ ਆਤਮਕ ਮੌਤ ਲਿਆਉਣ ਵਾਲੀ ਫਾਹੀ ਟੁੱਟ ਜਾਂਦੀ ਹੈ।1। ਰਹਾਉ।

ਹੇ ਭਾਈ! (ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ) ਸੰਭਾਲ ਰੱਖ, ਇਹੀ ਹੈ ਸਭ ਤੋਂ ਸ੍ਰੇਸ਼ਟ ਕਰਨ-ਜੋਗ ਕੰਮ, ਇਹੀ ਹੈ ਮਾਲਾ। (ਇਸ ਹਰਿ-ਨਾਮ ਸਿਮਰਨ ਦੀ ਮਾਲਾ ਨੂੰ ਆਪਣੇ) ਹਿਰਦੇ ਵਿਚ ਫੇਰਿਆ ਕਰ। ਇਹ ਹਰਿ-ਨਾਮ ਤੇਰੇ ਨਾਲ ਸਾਥ ਕਰੇਗਾ।1।

ਹੇ ਭਾਈ! ਜਿਸ (ਮਨੁੱਖ) ਨੇ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਸਿਮਰਨ ਦੀ ਮਿਹਨਤ ਕੀਤੀ, (ਜਤ, ਧੀਰਜ, ਉੱਚੀ ਮਤਿ, ਆਤਮਕ ਜੀਵਨ ਦੀ ਸੂਝ, ਭਉ ਆਦਿਕ ਦੀ) ਸਦਾ-ਥਿਰ ਰਹਿਣ ਵਾਲੀ ਟਕਸਾਲ ਵਿਚ ਉਸ ਮਨੁੱਖ ਦਾ ਹਰਿ-ਨਾਮ ਸਿਮਰਨ ਦਾ ਉੱਦਮ ਸੋਹਣਾ ਰੂਪ ਧਾਰ ਲੈਂਦਾ ਹੈ।2।

ਹੇ ਭਾਈ! (ਜਿਸ ਮਨੁੱਖ ਨੇ ਹਰਿ-ਨਾਮ-ਸਿਮਰਨ ਦੀ ਮਾਲਾ ਹਿਰਦੇ ਵਿਚ ਫੇਰੀ) ਗੁਰੂ ਨੇ ਉਸ ਨੂੰ ਅਪਹੁੰਚ ਤੇ ਅਗੋਚਰ ਪਰਮਾਤਮਾ (ਉਸ ਦੇ ਅੰਦਰ ਹੀ) ਵਿਖਾਲ ਦਿੱਤਾ, (ਗੁਰੂ ਦੀ ਸਹਾਇਤਾ ਨਾਲ) ਉਸ ਨੇ ਪਰਮਾਤਮਾ ਨੂੰ ਆਪਣੇ ਸਰੀਰ-ਨਗਰ ਦੇ ਅੰਦਰ ਹੀ ਭਾਲ ਕੇ ਲੱਭ ਲਿਆ।3।

ਹੇ ਨਾਨਕ! (ਆਖ—) ਹੇ ਹਰੀ! ਅਸੀਂ ਜੀਵ ਤੇਰੇ ਬੱਚੇ ਹਾਂ ਤੂੰ ਸਾਡਾ ਪਾਲਣਹਾਰ ਪਿਤਾ ਹੈਂ। ਮਿਹਰ ਦੀ ਨਿਗਾਹ ਕਰ ਕੇ (ਸਾਨੂੰ) ਦਾਸਾਂ ਨੂੰ (ਆਪਣੇ ਨਾਮ ਦੀ ਮਾਲਾ ਦੇ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਓ।4।3।